# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 13:40

**ਮਿਤੀ :12-09-2026**

***<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ, ਇਥੋਪੀਆ ਅਤੇ ਮਲੇਸ਼ੀਆ ਦੇ ਪ੍ਰਧਾਨ ਮੰਤਰੀਆਂ ਸਮੇਤ ਕਈ ਬ੍ਰਿਕਸ ਨੇਤਾਵਾਂ ਨਾਲ ਦੁਵੱਲੀ ਗੱਲਬਾਤ ਕੀਤੀ।

- ਪ੍ਰਧਾਨ ਮੰਤਰੀ ਕਿਸਾਨ ਮਾਨਧਨ ਯੋਜਨਾ ਨੇ ਅੱਜ ਆਪਣੇ ਸੱਤ ਸਾਲ ਪੂਰੇ ਕਰ ਲਏ ਨੇ।

- ਸਰਕਾਰ ਨੇ ਪ੍ਰਧਾਨ ਮੰਤਰੀ ਆਵਾਸ ਯੋਜਨਾ-ਸ਼ਹਿਰੀ (PMAY-U) ਦੇ ਦੂਜੇ ਪੜਾਅ ਤਹਿਤ, 18 ਲੱਖ 77 ਹਜ਼ਾਰ ਮਕਾਨਾਂ ਨੂੰ ਮਨਜ਼ੂਰੀ ਦਿੱਤੀ ਏ।

- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਅੱਜ ਪੂਰੀ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ।

- ਹਾਕੀ ਵਿੱਚ, ਭਾਰਤ, ਦੱਖਣੀ ਕੋਰੀਆ ਨੂੰ 5-1 ਨਾਲ ਹਰਾ ਕੇ, ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਟੂਰਨਾਮੈਂਟ ਦੇ ਫਾਈਨਲ ਵਿੱਚ ਪਹੁੰਚ ਗਿਆ ਏ।

## ***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ, 18ਵੇਂ ਬ੍ਰਿਕਸ ਸੰਮੇਲਨ ਤੋਂ ਅਲਗ ਇਥੋਪੀਆ ਦੇ ਪ੍ਰਧਾਨ ਮੰਤਰੀ ਡਾ. ਅਬੀ ਅਹਿਮਦ ਅਲੀ ਨਾਲ ਦੁਵੱਲੀ ਗੱਲਬਾਤ ਕੀਤੀ। ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਦੋਵਾਂ ਨੇਤਾਵਾਂ ਵਿਚਕਾਰ ਹੋਈ ਚਰਚਾ ਦਾ ਉਦੇਸ਼, ਦੁਵੱਲੀ ਰਣਨੀਤਕ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨਾ ਸੀ। ਦੋਵਾਂ ਨੇਤਾਵਾਂ ਨੇ ਆਰਥਿਕ ਸਹਿਯੋਗ, ਰੱਖਿਆ ਅਤੇ ਸੁਰੱਖਿਆ ਭਾਈਵਾਲੀ ਅਤੇ ਸਮਰੱਥਾ ਨਿਰਮਾਣ ਸਮੇਤ ਮੁੱਖ ਖੇਤਰਾਂ ਵਿੱਚ ਪ੍ਰਗਤੀ ਦੀ ਸਮੀਖਿਆ ਕੀਤੀ। ਦੋਵਾਂ ਨੇਤਾਵਾਂ ਨੇ ਆਪਸੀ ਹਿੱਤ ਦੇ ਖੇਤਰੀ ਅਤੇ ਆਲਮੀ ਮੁਦਿਆਂ 'ਤੇ ਵੀ ਵਿਚਾਰ ਸਾਂਝੇ ਕੀਤੇ ਅਤੇ ਬਹੁਪੱਖੀ ਫੋਰਮਾਂ ਵਿੱਚ ਨਜ਼ਦੀਕੀ ਸਹਿਯੋਗ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ। ਮੀਟਿੰਗ ਦੌਰਾਨ, ਪ੍ਰਧਾਨ ਮੰਤਰੀ ਮੋਦੀ ਨੇ 18ਵੇਂ

ਬ੍ਰਿਕਸ ਸੰਮੇਲਨ ਵਿੱਚ ਇਥੋਪੀਆ ਦੀ ਹਿੱਸੇਦਾਰੀ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸਦੀ ਮੌਜੂਦਗੀ ਨੇ ਗਲੋਬਲ ਸਾਊਥ ਦੀ ਸਮੂਹਿਕ ਆਵਾਜ਼ ਨੂੰ ਹੋਰ ਮਜ਼ਬੂਤ ਕੀਤਾ ਏ।

ਪ੍ਰਧਾਨ ਮੰਤਰੀ ਨੇ ਮਲੇਸ਼ੀਆ ਦੇ ਪ੍ਰਧਾਨ ਮੰਤਰੀ ਅਨਵਰ ਇਬਰਾਹਿਮ ਨਾਲ ਵੀ ਦੁਵੱਲੀ ਗੱਲਬਾਤ ਕੀਤੀ। ਮੀਟਿੰਗ ਦੌਰਾਨ, ਦੋਵਾਂ ਨੇਤਾਵਾਂ ਨੇ ਵਪਾਰ ਅਤੇ ਨਿਵੇਸ਼, ਰੱਖਿਆ ਅਤੇ ਸੁਰੱਖਿਆ, ਅਤੇ ਲੋਕਾਂ ਤੋਂ ਲੋਕਾਂ ਦੇ ਸਬੰਧਾਂ ਸਮੇਤ ਵੱਖ-ਵੱਖ ਖੇਤਰਾਂ ਵਿੱਚ ਦੁਵੱਲੇ ਸਹਿਯੋਗ ਦੀ ਪ੍ਰਗਤੀ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਫਰਵਰੀ ਵਿੱਚ ਪ੍ਰਧਾਨ ਮੰਤਰੀ ਮੋਦੀ ਦੀ ਮਲੇਸ਼ੀਆ ਦੀ ਯਾਤਰਾ ਦੌਰਾਨ ਹੋਈ ਪ੍ਰਗਤੀ ਦੀ ਵੀ ਸਮੀਖਿਆ ਕੀਤੀ। ਸ੍ਰੀ ਮੋਦੀ ਨੇ ਆਸੀਆਨ-ਭਾਰਤ ਸਬੰਧਾਂ ਨੂੰ ਮਜ਼ਬੂਤ ਕਰਨ ਵਿੱਚ ਮਲੇਸ਼ੀਆ ਦੇ ਨਿਰੰਤਰ ਸਮਰਥਨ ਦੀ ਸ਼ਲਾਘਾ ਕੀਤੀ। ਦੋਵਾਂ ਨੇਤਾਵਾਂ ਨੇ ਆਪਸੀ ਹਿੱਤ ਦੇ ਮੁੱਖ ਖੇਤਰੀ ਅਤੇ ਆਲਮੀ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਅਤੇ ਭਾਰਤ-ਮਲੇਸ਼ੀਆ ਵਿਆਪਕ ਰਣਨੀਤਕ ਭਾਈਵਾਲੀ ਨੂੰ ਹੋਰ ਅੱਗੇ ਵਧਾਉਣ ਲਈ ਆਪਣੀ ਵਚਨਬੱਧਤਾ ਦੁਹਰਾਈ।

ਪ੍ਰਧਾਨ ਮੰਤਰੀ ਨੇ ਅਬੂ ਧਾਬੀ ਦੇ ਵਲੀ ਅਹਿਦ ਸ਼ਹਿਜ਼ਾਦੇ, ਸ਼ੇਖ ਖਾਲਿਦ ਬਿਨ ਮੁਹੰਮਦ ਬਿਨ ਜਾਇਦ ਅਲ ਨਾਹਯਾਨ ਅਤੇ ਵੀਅਤਨਾਮ ਦੇ ਪ੍ਰਧਾਨ ਮੰਤਰੀ ਲੇ ਮਿਨਹ ਹੰਗ ਨਾਲ ਵੀ ਦੁਵੱਲੀ ਗੱਲਬਾਤ ਕੀਤੀ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮ ਚੀਨ ਦੇ ਰਾਸ਼ਟਰਪਤੀ, ਸ਼ੀ ਜਿਨਪਿੰਗ ਨਾਲ ਵੀ ਦੁਵੱਲੀ ਗੱਲਬਾਤ ਕਰਨਗੇ।

---------------------------------------------------

18ਵਾਂ ਬ੍ਰਿਕਸ (BRICS) ਸਿਖਰ ਸੰਮੇਲਨ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਚ ਸ਼ੁਰੂ ਹੋ ਰਿਹਾ ਏ। ਦੋ ਦਿਨਾਂ ਦੇ ਇਸ ਵਿਸ਼ਵ ਪੱਧਰੀ ਸੰਮੇਲਨ ਵਿੱਚ ਵਿਕਾਸਸ਼ੀਲ ਅਤੇ ਉੱਭਰਦੇ ਅਰਥਚਾਰਿਆਂ ਵਾਲੇ 11 ਦੇਸ਼ ਸ਼ਾਮਲ ਹੋਣਗੇ, ਇਨ੍ਹਾਂ ਵਿੱਚ ਬ੍ਰਾਜ਼ੀਲ, ਚੀਨ, ਮਿਸਰ, ਇਥੋਪੀਆ, ਇੰਡੋਨੇਸ਼ੀਆ, ਭਾਰਤ, ਈਰਾਨ, ਰੂਸ, ਸਾਊਦੀ ਅਰਬ, ਦੱਖਣੀ ਅਫਰੀਕਾ ਅਤੇ ਸੰਯੁਕਤ ਅਰਬ ਅਮੀਰਾਤ ਸ਼ਾਮਲ ਨੇ।

ਇਸ ਉੱਚ-ਪੱਧਰੀ ਸੰਮੇਲਨ ਦੌਰਾਨ, ਬ੍ਰਿਕਸ ਮੈਂਬਰ ਦੇਸ਼ਾਂ ਦੇ ਨੇਤਾ ਕਈ ਅਹਿਮ ਮੁੱਦਿਆਂ 'ਤੇ ਚਰਚਾ ਕਰਨਗੇ, ਇਨ੍ਹਾਂ ਵਿਚ ਵਿਸ਼ਵ ਸ਼ਾਸਨ, ਬਹੁ-ਪੱਖੀਵਾਦ, ਵਪਾਰ ਅਤੇ ਨਿਵੇਸ਼, ਤਕਨਾਲੋਜੀ, ਭੋਜਨ ਅਤੇ ਊਰਜਾ ਸੁਰੱਖਿਆ, ਸਿਹਤ ਸੰਭਾਲ, ਆਫ਼ਤਾਂ ਨਾਲ ਨਜਿੱਠਣ ਦੀ ਸਮਰੱਥਾ ਅਤੇ ਜ਼ਰੂਰੀ ਸਪਲਾਈ ਲੜੀ ਸ਼ਾਮਲ ਏ। 2026 ਦਾ ਬ੍ਰਿਕਸ ਸੰਮੇਲਨ ਭਾਰਤ ਦੀ ਪ੍ਰਧਾਨਗੀ ਹੇਠ ਕੀਤਾ ਜਾ ਰਿਹਾ ਏ। ਇਸ ਦਾ ਵਿਸ਼ਾ ਏ "ਲਚਕੀਲਾਪਣ , ਨਵੀਨਤਾ, ਸਹਿਯੋਗ ਅਤੇ ਸਥਿਰਤਾ ਲਈ ਨਿਰਮਾਣ" ਏ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਨਾਲ-ਨਾਲ, ਇਸ ਸੰਮੇਲਨ ਵਿੱਚ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ, ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ, ਦੱਖਣੀ ਅਫਰੀਕਾ ਦੇ ਰਾਸ਼ਟਰਪਤੀ ਸਿਰਿਲ ਰਾਮਾਫੋਸਾ, ਮਿਸਰ ਦੇ ਰਾਸ਼ਟਰਪਤੀ ਅਬਦੇਲ ਫਤਾਹ ਅਲ-ਸੀਸੀ, ਇੰਡੋਨੇਸ਼ੀਆ ਦੇ

ਰਾਸ਼ਟਰਪਤੀ ਪ੍ਰਾਬੋਵੋ ਸੁਬਿਆਂਤੋ ਅਤੇ ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਸ਼ਾਮਲ ਹੋਣਗੇ।

---------------------------------------------------------------

ਚੀਨ ਦੇ ਰਾਸ਼ਟਰਪਤੀ, ਸ਼ੀ ਜਿਨਪਿੰਗ ਬ੍ਰਿਕਸ ਸਿਖਰ ਸੰਮੇਲਨ 2026 ਵਿੱਚ ਸ਼ਾਮਲ ਹੋਣ ਲਈ ਨਵੀਂ ਦਿੱਲੀ ਪਹੁੰਚ ਗਏ ਨੇ।

ਬੇਲਾਰੂਸ ਦੇ ਵਿਦੇਸ਼ ਮੰਤਰੀ ਮੈਕਸਿਮ ਰਾਈਜ਼ੇਨਕੋਫ ਵੀ 18ਵੇਂ ਬ੍ਰਿਕਸ ਸਿਖਰ ਸੰਮੇਲਨ ਵਿੱਚ ਸ਼ਾਮਲ ਹੋਣ ਲਈ ਅੱਜ ਨਵੀਂ ਦਿੱਲੀ ਪਹੁੰਚੇ। ਭਾਰਤ ਅਤੇ ਬੇਲਾਰੂਸ ਵਿਚਕਾਰ ਨੇੜਲੇ ਅਤੇ ਦੋਸਤਾਨਾ ਸਬੰਧ ਨੇ। ਦੋਵਾਂ ਦੇਸ਼ਾਂ ਵਿਚਕਾਰ ਦੁਵੱਲੇ ਅਤੇ ਬਹੁਪੱਖੀ ਪੱਧਰ 'ਤੇ ਸਹਿਯੋਗ ਲਗਾਤਾਰ ਵਧ ਰਿਹਾ ਏ।

ਵੀਅਤਨਾਮ ਦੇ ਪ੍ਰਧਾਨ ਮੰਤਰੀ, ਲੇ ਮਿਨਹ ਹੰਗ ਵੀ ਸੰਮੇਲਨ ਵਿੱਚ ਸ਼ਾਮਲ ਹੋਣ ਲਈ ਨਵੀਂ ਦਿੱਲੀ ਪਹੁੰਚ ਗਏ ਨੇ। ਸ਼ਹਿਰੀ ਹਵਾਬਾਜ਼ੀ ਰਾਜ ਮੰਤਰੀ ਮੁਰਲੀਧਰ ਮੋਹੋਲ ਨੇ ਹਵਾਈ ਅੱਡੇ 'ਤੇ ਉਨ੍ਹਾਂ ਦਾ ਸਵਾਗਤ ਕੀਤਾ। ਭਾਰਤ ਅਤੇ ਵੀਅਤਨਾਮ ਵਿਚਕਾਰ ਰੱਖਿਆ ਅਤੇ ਸੁਰੱਖਿਆ, ਫਿਨਟੈਕ, ਮਹੱਤਵਪੂਰਨ ਖਣਿਜਾਂ ਅਤੇ ਹੋਰ ਉੱਭਰ ਰਹੇ ਖੇਤਰਾਂ ਵਿੱਚ ਸਹਿਯੋਗ ਵਧ ਰਿਹਾ ਏ। ਵਿਦੇਸ਼ ਮੰਤਰਾਲੇ ਨੇ ਕਿਹਾ ਏ ਕਿ ਦੋਵੇਂ ਦੇਸ਼ ਬਹੁਪੱਖੀ ਸਹਿਯੋਗ ਦੇ ਖੇਤਰ ਵਿੱਚ ਵੀ ਇਕੱਠੇ ਕੰਮ ਕਰ ਰਹੇ ਨੇ।

ਇਸ ਤੋਂ ਪਹਿਲਾਂ ਅੱਜ ਸਵੇਰੇ ਵਿਸ਼ਵ ਸਿਹਤ ਸੰਗਠਨ (WHO) ਦੇ ਡਾਇਰੈਕਟਰ-ਜਨਰਲ, ਡਾ. ਟੇਡਰੋਸ ਅਡਨੋਮ ਘੇਬਰੇਅਸਸ ਵੀ ਇਸ ਸੰਮਲੇਨ ਵਿਚ ਸ਼ਾਮਲ ਹੋਣ ਲਈ ਨਵੀਂ ਦਿੱਲੀ ਪਹੁੰਚੇ।

-----------------------------------------------------------

ਪ੍ਰਧਾਨ ਮੰਤਰੀ ਕਿਸਾਨ ਮਾਨਧਨ ਯੋਜਨਾ ਦੇ ਅੱਜ ਸੱਤ ਸਾਲ ਪੂਰੇ ਹੋ ਗਏ ਨੇ। ਇਹ ਯੋਜਨਾ 2019 ਵਿੱਚ, ਅੱਜ ਦੇ ਹੀ ਦਿਨ ਕਿਸਾਨਾਂ ਨੂੰ ਸਮਾਜਿਕ ਸੁਰੱਖਿਆ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਸੀ।

ਇਸ ਯੋਜਨਾ ਤਹਿਤ, ਛੋਟੇ ਅਤੇ ਸੀਮਾਂਤ ਕਿਸਾਨਾਂ ਨੂੰ 60 ਸਾਲ ਦੀ ਉਮਰ ਹੋਣ ਤੋਂ ਬਾਅਦ ਘੱਟੋ-ਘੱਟ 3,000 ਰੁਪਏ ਪ੍ਰਤੀ ਮਹੀਨਾ ਪੈਨਸ਼ਨ ਯਕੀਨੀ ਬਣਾਈ ਗਈ ਏ। ਇਸ ਪੈਨਸ਼ਨ ਯੋਜਨਾ ਦਾ ਉਦੇਸ਼, ਕਿਸਾਨਾਂ ਨੂੰ ਬੁਢਾਪੇ ਵਿੱਚ ਵਿੱਤੀ ਸਥਿਰਤਾ ਅਤੇ ਸਨਮਾਨ ਦੀ ਜ਼ਿੰਦਗੀ ਜੀਉਣ ਵਿੱਚ ਮਦਦ ਕਰਨਾ ਏ, ਜਿਸ ਨਾਲ ਉਨ੍ਹਾਂ ਦੀ ਜ਼ਿੰਦਗੀ ਵਧੇਰੇ ਸੁਰੱਖਿਅਤ ਅਤੇ ਸ਼ਾਂਤੀਪੂਰਨ ਬਣ ਸਕੇ।

ਪਿਛਲੇ ਸੱਤ ਸਾਲਾਂ ਵਿੱਚ, ਪ੍ਰਧਾਨ ਮੰਤਰੀ ਕਿਸਾਨ ਮਾਨਧਨ ਯੋਜਨਾ ਛੋਟੇ ਅਤੇ ਸੀਮਾਂਤ ਕਿਸਾਨਾਂ ਲਈ ਇੱਕ ਮਹੱਤਵਪੂਰਨ ਸਮਾਜਿਕ ਸੁਰੱਖਿਆ ਪਹਿਲਕਦਮੀ ਵਜੋਂ ਉਭਰੀ ਏ। ਇਸ ਨਾਲ ਕਿਸਾਨਾਂ ਨੂੰ

ਆਪਣੇ ਭਵਿੱਖ ਦੀ ਵਿੱਤੀ ਤੌਰ 'ਤੇ ਬਿਹਤਰ ਯੋਜਨਾ ਬਣਾਉਣ ਵਿੱਚ ਮਦਦ ਮਿਲ ਰਹੀ ਏ ਅਤੇ ਉਨ੍ਹਾਂ ਦਾ ਵਿੱਤੀ ਵਿਸ਼ਵਾਸ ਵਧਿਆ ਏ।

---------------------------------------------------------------

ਸਰਕਾਰ ਨੇ ਪ੍ਰਧਾਨ ਮੰਤਰੀ ਆਵਾਸ ਯੋਜਨਾ-ਸ਼ਹਿਰੀ (PMAY-U) ਦੇ ਦੂਜੇ ਪੜਾਅ ਤਹਿਤ 18ਲੱਖ 77 ਹਜ਼ਾਰ ਮਕਾਨਾਂ ਨੂੰ ਮਨਜ਼ੂਰੀ ਦਿੱਤੀ ਏ। ਇਸ ਨਾਲ ਯੋਜਨਾ ਨੂੰ ਲਾਗੂ ਕਰਨ ਦੀ ਪ੍ਰਕਿਰਿਆ ਹੋਰ ਤੇਜ਼ ਹੋਵੇਗੀ ਅਤੇ ਸ਼ਹਿਰੀ ਇਲਾਕਿਆਂ ਵਿੱਚ 'ਸਾਰਿਆਂ ਲਈ ਮਕਾਨ ' ਦੇ ਟੀਚੇ ਨੂੰ ਅੱਗੇ ਵਧਾਉਣ ਵਿੱਚ ਮਦਦ ਮਿਲੇਗੀ।

ਇਹ ਫੈਸਲਾ ਨਵੀਂ ਦਿੱਲੀ ਵਿਚ ਕੇਂਦਰੀ ਮਨਜ਼ੂਰੀ ਅਤੇ ਨਿਗਰਾਨੀ ਕਮੇਟੀ ਦੀ ਨੌਵੀਂ ਮੀਟਿੰਗ ਦੌਰਾਨ ਲਿਆ ਗਿਆ। ਮੀਟਿੰਗ ਦੌਰਾਨ, PMAY-U ਦੇ ਦੂਜੇ ਪੜਾਅ ਦੀਆਂ 'ਲਾਭਪਾਤਰੀ-ਅਧਾਰਤ ਨਿਰਮਾਣ ਤੇ 'ਭਾਈਵਾਲੀ ਵਿੱਚ ਕਿਫਾਇਤੀ ਰਿਹਾਇਸ਼' ਸ਼੍ਰੇਣੀਆਂ ਤਹਿਤ ਲਗਭਗ 29,000 ਵਾਧੂ ਮਕਾਨਾਂ ਨੂੰ ਵੀ ਮਨਜ਼ੂਰੀ ਦਿੱਤੀ ਗਈ। ਇਨ੍ਹਾਂ ਮਨਜ਼ੂਰੀਆਂ ਵਿੱਚ ਅਸਾਮ, ਬਿਹਾਰ, ਗੁਜਰਾਤ, ਤੇਲੰਗਾਨਾ, ਤ੍ਰਿਪੁਰਾ ਅਤੇ ਉੱਤਰ ਪ੍ਰਦੇਸ਼ ਸੂਬੇ ਸ਼ਾਮਲ ਨੇ।

---------------------------------------------------------------

ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮਾਂ ਦੀ ਲੜੀ ਤਹਿਤ ਅੱਜ ਅੰਮ੍ਰਿਤਸਰ ਵਿੱਚ ਪੁਰਾਤਨ ਪਰੰਪਰਾ ਅਨੁਸਾਰ ਨਗਰ ਕੀਰਤਨ ਸਜਾਇਆ ਗਿਆ। ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਤੱਕ ਸਜਾਏ ਗਏ ਇਸ ਨਗਰ ਕੀਰਤਨ ਦੀ ਰਵਾਨਗੀ ਮੌਕੇ ਪੂਰਾ ਮਾਹੌਲ ਗੁਰਬਾਣੀ ਕੀਰਤਨ ਅਤੇ ਸਤਿਨਾਮ ਵਾਹਿਗੁਰੂ ਦੇ ਜਾਪ ਨਾਲ ਗੂੰਜ ਉੱਠਿਆ। ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸਵੇਰ ਤੋਂ ਹੀ ਸੰਗਤਾਂ ਦੀ ਆਮਦ ਸ਼ੁਰੂ ਹੋ ਗਈ ਸੀ।

ਗੁਰਬਾਣੀ ਕੀਰਤਨ, ਅਰਦਾਸ ਅਤੇ ਧਾਰਮਿਕ ਸਮਾਗਮਾਂ ਤੋਂ ਬਾਅਦ ਪੂਰੀ ਗੁਰਮਰਿਆਦਾ ਅਨੁਸਾਰ ਪਾਵਨ ਸਰੂਪ ਨੂੰ ਸੁੰਦਰ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਕਰਕੇ, ਪੰਜ ਪਿਆਰਿਆਂ ਦੀ ਅਗਵਾਈ ਵਿੱਚ ਨਗਰ ਕੀਰਤਨ ਦੀ ਰਵਾਨਗੀ ਕੀਤੀ ਗਈ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਜੀ ਨੇ ਕਿਹਾ ਕਿ ਭਾਦਰੋਂ ਸੁਦੀ ਏਕਮ 1661 ਬਿਕਰਮੀ, 1604 ਈਸਵੀ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਕੀਤਾ ਗਿਆ ਸੀ -

**BYTE: Head Granthi**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਵੀ ਸਮੁੱਚੇ ਗੁਰੂ ਨਾਨਕ ਨਾਮਲੇਵਾ ਪਰਿਵਾਰਾਂ ਨੂੰ ਪਹਿਲੇ

ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ, ਗੁਰੂ ਸਾਹਿਬ ਅੱਗੇ ਸਰਬੱਤ ਦੇ ਭਲੇ, ਸੁਖ-ਸ਼ਾਂਤੀ ਅਤੇ ਚੜ੍ਹਦੀ ਕਲਾ ਦੀ ਅਰਦਾਸ ਕੀਤੀ।

ਲੋਕ ਸਭਾ ਦੇ ਸਪੀਕਰ ਓਮ ਬਿਰਲਾ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪ੍ਰਕਾਸ਼ ਪੁਰਬ ਮੌਕੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀਆਂ ਦੇਸ਼-ਵਿਦੇਸ਼ ਵਿੱਚ ਵੱਸਦੀਆਂ ਸਮੂਹ ਸੰਗਤਾਂ ਨੂੰ ਵਧਾਈਆਂ ਦਿੱਤੀਆਂ ਨੇ।

---------------------------------------------------------------

ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ (AGTF) ਅਤੇ ਵਿਦੇਸ਼ਾਂ ਵਿਚ ਭਗੌੜਿਆਂ ਦੀ ਭਾਲ ਕਰਨ ਵਾਲੇ ਵਿਭਾਗ ਨੇ ਕੇਂਦਰੀ ਏਜੰਸੀਆਂ ਦੇ ਤਾਲਮੇਲ ਨਾਲ ਮੋਲਡੋਵਾ ਗਣਰਾਜ ਤੋਂ ਇੱਕ ਭਗੌੜੇ ਅਪਰਾਧੀ ਅੰਮ੍ਰਿਤਪਾਲ ਸਿੰਘ ਉਰਫ਼ ਅੰਮ੍ਰਿਤ ਦਾਲਮ ਨੂੰ ਭਾਰਤ ਵਾਪਸ ਲੈ ਕੇ ਆਉਣ ਵਿੱਚ ਸਫਲਤਾ ਹਾਸਲ ਕੀਤੀ ਏ। ਐਸ ਪੀ (ਏ ਜੀ ਟੀ ਐਫ) ਬਿਕਰਮਜੀਤ ਸਿੰਘ ਬਰਾੜ ਦੀ ਅਗਵਾਈ ਹੇਠ ਪੰਜਾਬ ਪੁਲਿਸ ਦੀ ਚਾਰ ਮੈਂਬਰੀ ਟੀਮ ਅੱਜ ਸਵੇਰੇ ਉਸਨੂੰ ਵਾਪਸ ਲੈ ਆਈ। ਇਹ ਮੁਲਜ਼ਮ ਇੱਕ ਬਦਨਾਮ ਗਿਰੋਹ ਦਾ ਮੁੱਖ ਸੰਚਾਲਕ ਏ ਅਤੇ ਕਤਲ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ ਯੂ ਏ ਪੀ ਏ , ਅਸਲਾ

ਐਕਟ ਅਤੇ ਨਾਰਕੋਟਿਕ ਅਪਰਾਧਾਂ ਦੇ ਕਈ ਮਾਮਲਿਆਂ ਵਿੱਚ ਲੋੜੀਂਦਾ ਸੀ। ਪੁਲਿਸ ਮੁਖੀ ਗੌਰਵ ਯਾਦਵ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਕਿਹਾ ਕਿ ਇਹ ਕਿਸੇ ਯੂਰਪੀਅਨ ਦੇਸ਼ ਤੋਂ ਪੰਜਾਬ ਪੁਲਿਸ ਵੱਲੋਂ ਪ੍ਰਾਪਤ ਕੀਤੀ ਗਈ ਪਹਿਲੀ ਹਵਾਲਗੀ ਏ।

---------------------------------------------------------------

ਭਾਰਤ ਨੇ ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਟੂਰਨਾਮੈਂਟ ਦੇ ਫਾਈਨਲ ਵਿੱਚ, ਆਪਣੀ ਥਾਂ ਪੱਕੀ ਕਰ ਲਈ ਏ। ਚੀਨ ਦੇ ਮੋਕੀ ਵਿਖੇ ਖੇਡੇ ਗਏ ਪਹਿਲੇ ਸੈਮੀਫਾਈਨਲ ਵਿੱਚ, ਭਾਰਤ ਨੇ ਦੱਖਣੀ ਕੋਰੀਆ ਨੂੰ 5-1 ਨਾਲ ਹਰਾਇਆ। ਭਾਰਤ ਵੱਲੋਂ ਸੁਪਰੀਆ ਨੇ ਹੈਟ੍ਰਿਕ ਲਗਾਈ, ਜਦਕਿ ਮਧੂ ਅਤੇ ਸੁਖਵੀਰ ਕੌਰ ਨੇ ਇੱਕ-ਇੱਕ ਗੋਲ ਕੀਤਾ।

ਦੂਜੇ ਸੈਮੀਫਾਈਨਲ ਵਿੱਚ, ਮੇਜ਼ਬਾਨ ਚੀਨ ਦਾ ਮੁਕਾਬਲਾ ਜਾਪਾਨ ਨਾਲ ਹੋਵੇਗਾ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ, ਇਥੋਪੀਆ ਅਤੇ ਮਲੇਸ਼ੀਆ ਦੇ ਪ੍ਰਧਾਨ ਮੰਤਰੀਆਂ ਸਮੇਤ ਕਈ ਬ੍ਰਿਕਸ ਨੇਤਾਵਾਂ ਨਾਲ ਦੁਵੱਲੀ ਗੱਲਬਾਤ ਕੀਤੀ।

- ਪ੍ਰਧਾਨ ਮੰਤਰੀ ਕਿਸਾਨ ਮਾਨਧਨ ਯੋਜਨਾ ਨੇ ਅੱਜ ਆਪਣੇ ਸੱਤ ਸਾਲ ਪੂਰੇ ਕਰ ਲਏ ਨੇ।

- ਸਰਕਾਰ ਨੇ ਪ੍ਰਧਾਨ ਮੰਤਰੀ ਆਵਾਸ ਯੋਜਨਾ-ਸ਼ਹਿਰੀ (PMAY-U) ਦੇ ਦੂਜੇ ਪੜਾਅ ਤਹਿਤ, 18 ਲੱਖ 77 ਹਜ਼ਾਰ ਮਕਾਨਾਂ ਨੂੰ ਮਨਜ਼ੂਰੀ ਦਿੱਤੀ ਏ।

- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਅੱਜ ਪੂਰੀ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ।

- ਹਾਕੀ ਵਿੱਚ, ਭਾਰਤ, ਦੱਖਣੀ ਕੋਰੀਆ ਨੂੰ 5-1 ਨਾਲ ਹਰਾ ਕੇ, ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਟੂਰਨਾਮੈਂਟ ਦੇ ਫਾਈਨਲ ਵਿੱਚ ਪਹੁੰਚ ਗਿਆ ਏ।

---------------------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਸ਼ਾਮ 6 ਵਜ ਕੇ 20 ਮਿੰਟ 'ਤੇ ਹੋਏਗਾ. ਨਮਸਕਾਰ!**